# ਦਫ਼ਤਰ ਨਗਰ ਨਿਗਮ ਹੁਸ਼ਿਆਰਪੁਰ

# ਪ੍ਰੈਸ ਨੋਟ

## ਵਿੱਤ ਅਤੇ ਠੇਕਾ ਕਮੇਟੀ ਨੇ 9.27 ਕਰੋੜ ਰੁਪਏ ਦੀ ਲਾਗਤ ਨਾਲ ਕਰਵਾਏ ਜਾਣ ਵਾਲੇ 103 ਵਿਕਾਸ ਕਾਰਜਾਂ ਨੂੰ ਦਿੱਤੀ ਪ੍ਰਵਾਨਗੀ.......ਮੇਅਰ ਸ਼ਿਵ ਸੂਦ

## ਵਿਕਾਸ ਕਾਰਜ ਸਾਰੇ ਵਾਰਡਾਂ ਵਿਚ ਬਿਨਾਂ ਭੇਦ ਭਾਵ ਦੇ ਕਰਵਾਏ ਜਾਣਗੇ।

ਹੁਸ਼ਿਆਰਪੁਰ 17 ਨਵੰਬਰ ਨਗਰ ਨਿਗਮ ਹੁਸਿ਼ਆਰਪੁਰ ਦੇ ਵੱਖ ਵੱਖ ਵਾਰਡਾਂ ਵਿਚ ਕਰਵਾਏ ਜਾਣ ਵਾਲੇ ਵਿਕਾਸ ਕਾਰਜਾਂ ਲਈ ਬਣਾਈ ਗਈ ਵਿੱਤ ਅਤੇ ਠੇਕਾ ਕਮੇਟੀ ਦੀ ਮੀਟਿੰਗ ਅੱਜ ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਦੀ ਪ੍ਰਧਾਨਗੀ ਹੇਠ ਉਹਨਾਂ ਦੇ ਦਫਤਰ ਵਿਖੇ ਆਯੋਜਿਤ ਕੀਤੀ ਗਈ। ਨਗਰ ਨਿਗਮ ਦੇ ਕਮਿਸ਼ਨਰ ਜ਼ਸਬੀਰ ਸਿੰਘ, ਵਿੱਤ ਅਤੇ ਠੇਕਾ ਕਮੇਟੀ ਦੇ ਮੈਂਬਰ ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ ਪਿੱਪਲਾਂਵਾਲਾ, ਡਿਪਟੀ ਮੇਅਰ ਸ਼ੁਕਲਾ ਦੇਵੀ ਸ਼ਰਮਾ, ਕਾਰਜਕਾਰੀ ਇੰਜੀਨੀਅਰ ਸਤੀਸ਼ ਸੈਣੀ, ਹਰਪ੍ਰੀਤ ਸਿੰਘ, ਇੰਸਪੈਕਟਰ ਵਿਜੇ ਕੁਮਾਰ, ਰਾਹੁਲ ਸ਼ਰਮਾ ਅਤੇ ਪਵਨ ਭੱਟੀ ਵੀ ਇਸ ਮੀਟਿੰਗ ਵਿਚ ਹਾਜਰ ਸਨ।

ਮੀਟਿੰਗ ਵਿਚ ਨਗਰ ਨਿਗਮ ਹੁਸਿ਼ਆਰਪੁਰ ਦੇ ਵੱਖ ਵੱਖ ਵਾਰਡਾਂ ਵਿਚ ਜਰੂਰੀ ਵਿਕਾਸ ਦੇ ਕੰਮਾਂ ਸਬੰਧੀ ਵਿਚਾਰ ਵਟਾਂਦਰਾਂ ਕਰਨ ਉਪਰੰਤ ਮੇਅਰ ਸਿ਼ਵ ਸੂਦ ਨੇ ਦਸਿਆ ਕਿ ਮੁੱਖ ਮੰਤਰੀ ਪੰਜਾਬ ਦੇ ਰਾਜਨੀਤਿਕ ਸਲਾਹਕਾਰ ਤਿਕਸ਼ਨ ਸੂਦ ਵਲੋਂ ਕੀਤੇ ਗਏ ਯਤਨਾਂ ਸਦਕਾ ਪੰਜਾਬ ਸਰਕਾਰ ਵਲੋਂ ਪ੍ਰਾਪਤ ਗ੍ਰਾਂਟ ਨਾਲ ਵਿੱਤ ਅਤੇ ਠੇਕਾ ਕਮੇਟੀ ਵਲੋਂ ਨਗਰ ਨਿਗਮ ਦੇ ਵੱਖ-ਵੱਖ ਵਾਰਡਾਂ ਵਿਚ 9.27 ਕਰੋੜ ਰੁਪਏ ਦੀ ਲਾਗਤ ਨਾਲ ਕਰਵਾਏ ਜਾਣ ਵਾਲੇ 103 ਵਿਕਾਸ ਕਾਰਜਾਂ ਨੂੰ ਪ੍ਰਵਾਨਗੀ ਦਿੱਤੀ ਗਈ ਹੈ ਇਸ ਨਾਲ ਨਗਰ ਨਿਗਮ ਦੇ ਸਾਰੇ ਵਾਰਡਾਂ ਵਿਚ ਵਿਕਾਸ ਕਾਰਜਾਂ ਵਿਚ ਹੋਰ ਤੇਜੀ ਆਵੇਗੀ ਅਤੇ ਸਾਰੇ ਵਾਰਡਾਂ ਵਿਚ ਕੀਤੇ ਜਾਣ ਵਾਲੇ ਵਿਕਾਸ ਕਾਰਜ ਬਿਨਾਂ ਭੇਦ ਭਾਵ ਦੇ ਕਰਵਾਏ ਜਾਣਗੇ। ਉਹਨਾਂ ਦੱਸਿਆ ਕਿ ਸ਼ਹਿਰ ਦੇ ਵਿਕਾਸ ਕਾਰਜਾਂ ਵਿਚ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।